# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 21-04-2024**

ਲੋਕ ਸਭਾ ਚੋਣਾਂ ਦੇ ਦੂਜੇ ਪੜਾਅ ਲਈ ਪ੍ਰਚਾਰ ਜ਼ੋਰਾਂ 'ਤੇ ਏ । ਇਸ ਪੜਾਅ 'ਚ 26 ਅਪ੍ਰੈਲ ਨੂੰ, 13 ਰਾਜਾਂ ਦੀਆਂ 88 ਸੀਟਾਂ 'ਤੇ ਵੋਟਿੰਗ ਹੋਵੇਗੀ। ਇਸ ਮਹੀਨੇ ਦੀ 26 ਤਰੀਕ ਨੂੰ, ਦੂਜੇ ਪੜਾਅ ਵਿੱਚ ਕੇਰਲ ਦੀਆਂ 20, ਕਰਨਾਟਕ ਦੀਆਂ 14, ਰਾਜਸਥਾਨ ਦੀਆਂ 13, ਉੱਤਰ ਪ੍ਰਦੇਸ਼ ਅਤੇ ਮਹਾਰਾਸ਼ਟਰ ਦੀਆਂ 8-8, ਮੱਧ ਪ੍ਰਦੇਸ਼ ਦੀਆਂ 7, ਅਸਾਮ ਅਤੇ ਬਿਹਾਰ ਦੀਆਂ 5-5, ਪੱਛਮੀ ਬੰਗਾਲ ਅਤੇ ਛੱਤੀਸਗੜ੍ਹ ਦੀਆਂ 3-3 ਸੀਟਾਂ ਅਤੇ ਤ੍ਰਿਪੁਰਾ ਅਤੇ ਜੰਮੂ-ਕਸ਼ਮੀਰ ਵਿਚ 1-1 ਸੀਟ ਲਈ ਵੋਟਾਂ ਪੈਣਗੀਆਂ । ਲੋਕ ਸਭਾ ਚੋਣਾਂ ਦੇ ਤੀਜੇ ਪੜਾਅ ਲਈ ਨਾਮਜ਼ਦਗੀ ਪੱਤਰਾਂ ਦੀ ਜਾਂਚ ਕੱਲ੍ਹ ਹੋਈ। ਇਸ ਪੜਾਅ ਵਿੱਚ 10 ਰਾਜਾਂ ਅਤੇ 2 ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀਆਂ 94 ਸੰਸਦੀ ਸੀਟਾਂ ਲਈ, 7 ਮਈ ਨੂੰ ਵੋਟਿੰਗ ਹੋਵੇਗੀ । ਕੱਲ੍ਹ ਤੱਕ ਨਾਮ ਵਾਪਸ ਲਏ ਜਾ ਸਕਦੇ ਨੇ ।

------------------------------------------------------------

ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਪੋਤੇ ਜਸਵੰਤ ਰਾਉ ਅੰਬੇਦਕਰ ਨੇ, ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਚੋਣ ਲੜਨ ਦਾ ਐਲਾਨ ਕੀਤਾ ਏ । ਉਹ ਅੱਜ ਅੰਮ੍ਰਿਤਸਰ ਸਥਿਤ ਦਰਬਾਰ ਸਾਹਿਬ ਵਿੱਚ ਮੱਥਾ ਟੇਕਣ ਪਹੁੰਚੇ ਸਨ । ਉਹਨਾਂ ਗੁਰਬਾਣੀ ਕੀਰਤਨ ਸਰਵਣ ਕੀਤਾ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ. ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਉਹਨਾਂ ਨੇ ਕਿਹਾ ਕਿ ਉਹ, ਇਸ ਵਾਰ ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਚੋਣ ਲੜਨਗੇ । ਉਨਾਂ ਕਿਹਾ ਕਿ ਹੁਸ਼ਿਆਰਪੁਰ ਹਲਕਾ ਇਸ ਲਈ ਚੁਣਿਆ ਏ ਕਿਉਂਕਿ ਉਹਨਾਂ ਦੇ ਪਿਤਾ ਵੱਲੋਂ ਵੀ ਸਾਲ 1964 ਦੇ ਵਿੱਚ ਹੁਸ਼ਿਆਰਪੁਰ ਹਲਕੇ ਤੋਂ ਚੋਣ ਲੜੀ ਗਈ ਸੀ ਅਤੇ ਹੁਣ ਦੇਸ਼ ਦੇ ਸਿਸਟਮ ਨੂੰ ਸੁਧਾਰਨ ਲਈ, ਉਹ ਖੁਦ ਚੋਣ ਮੈਦਾਨ ਵਿੱਚ ਉਤਰੇ ਨੇ ।

------------------------------------------------------------

ਲੋਕ ਸਭਾ ਚੋਣਾਂ ਦੇ ਮੱਦੇਨਜ਼ਰ, ਵੋਟਰਾਂ ਨੂੰ ਵੋਟ ਦੇ ਹੱਕ ਦੀ ਵਰਤੋਂ ਸਬੰਧੀ ਫ਼ਰੀਦਕੋਟ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ

ਛੱਖੜਵਾਲਾ ਵਿਖੇ, ਸਵੀਪ ਗਤੀਵਿਧੀਆਂ ਤਹਿਤ ਸਾਈਕਲ ਰੈਲੀ ਕੱਢੀ ਗਈ। ਸਕੂਲ ਦੇ ਮੁਖੀ ਜਸਵਿੰਦਰ ਪਾਲ ਸਿੰਘ ਮਿੰਟੂ ਨੇ ਸਾਈਕਲ ਰੈਲੀ ਨੂੰ ਰਵਾਨਾ ਕੀਤਾ । ਰੈਲੀ ਦੌਰਾਨ ਸਕੂਲ ਦੇ ਕਰੀਅਰ ਮਾਸਟਰ ਹਰਦੀਪ ਸਿੰਘ ਨੇ ਰਾਹ ਵਿੱਚ ਪੈਂਦੀਆਂ ਵੱਖ-ਵੱਖ ਥਾਵਾਂ ਤੇ ਰੁਕ ਕੇ ਲੋਕਾਂ ਨੂੰ ਵੋਟ ਪਾਉਣ ਬਾਰੇ ਜਾਗਰੂਕ ਕੀਤਾ । ਇਸ ਸਾਈਕਲ ਰੈਲੀ ਦੌਰਾਨ ਸੀ-ਵਿਜ਼ਿਲ ਐਪ ਅਤੇ 85 ਸਾਲ ਤੋਂ ਵੱਧ ਉਮਰ ਦੇ ਵੋਟਰਾਂ ਨੂੰ ਵੀ ਘਰ ਬੈਠੇ ਵੋਟ ਪਾਉਣ ਦੀ ਸਹੂਲਤ ਸਬੰਧੀ ਜਾਣਕਾਰੀ ਦਿੱਤੀ । ਵਿਦਿਆਰਥੀਆਂ ਨੇ ਹੱਥੀਂ ਤਿਆਰ ਕੀਤੇ ਪੋਸਟਰ ਫੜੇ ਹੋਏ ਸਨ, ਜਿਸ ਵਿਚ ਮੇਰੀ ਵੋਟ-ਮੇਰੀ ਪਹਿਚਾਣ, ਆਓ ਰਲ ਮਿਲ ਵੋਟਾਂ ਪਾਈਏ-ਲੋਕਤੰਤਰ ਮਜ਼ਬੂਤ ਬਣਾਈਏ, ਜਿਹੇ ਸਲੋਗਨ ਲਿਖੇ ਹੋਏ ਸਨ । ਵਿਦਿਆਰਥੀਆਂ ਨੇ ਜਾਗਰੂਕਤਾ ਨਾਅਰੇ ਲਗਾ ਕੇ ਵੋਟਰ ਜਾਗਰੂਕਤਾ ਸੰਦੇਸ਼ ਘਰ-ਘਰ ਪਹੁੰਚਾਇਆ।

-----------------------------------------------------

ਅੱਜ ਮਹਾਵੀਰ ਜਯੰਤੀ ਮਨਾਈ ਜਾ ਰਹੀ ਏ। ਇਸ ਮੌਕੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ-ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ

ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਰਾਸ਼ਟਰਪਤੀ ਨੇ ਇੱਕ ਸੰਦੇਸ਼ ਵਿੱਚ ਕਿਹਾ ਕਿ ਇਹ ਤਿਉਹਾਰ ਸਾਨੂੰ ਪਿਆਰ ਅਤੇ ਸ਼ਾਂਤੀ ਦਾ ਸੰਦੇਸ਼ ਦਿੰਦਾ ਏ। ਰਾਸ਼ਟਰਪਤੀ ਨੇ ਕਿਹਾ ਕਿ ਭਗਵਾਨ ਮਹਾਵੀਰ ਨੇ ਆਦਰਸ਼ ਅਤੇ ਸੱਭਿਅਕ ਸਮਾਜ ਦੀ ਸਿਰਜਣਾ ਲਈ ਅਹਿੰਸਾ, ਬ੍ਰਹਮਚਾਰੀ, ਸੱਚ ਅਤੇ ਤਿਆਗ ਦਾ ਰਾਹ ਪੱਧਰਾ ਕੀਤਾ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਗਵਾਨ ਮਹਾਵੀਰ ਨੇ ਅਹਿੰਸਾ, ਸੱਚਾਈ, ਨਿਰਸਵਾਰਥਤਾ, ਅਤੇ ਤਿਆਗ ਦੇ ਸਿਧਾਂਤ ਦੇ ਕੇ ਸ਼ਾਂਤੀਪੂਰਨ ਸਹਿ-ਹੋਂਦ ਅਤੇ ਵਿਸ਼ਵ ਭਾਈਚਾਰੇ ਨੂੰ ਉਤਸ਼ਾਹਿਤ ਕੀਤਾ। ਪ੍ਰਧਾਨ ਮੰਤਰੀ ਨੇ ਇਸ ਮੌਕੇ 'ਤੇ, ਅੱਜ ਨਵੀਂ ਦਿੱਲੀ 'ਚ 2550ਵੇਂ ਭਗਵਾਨ ਮਹਾਵੀਰ ਨਿਰਵਾਣ ਮਹੋਤਸਵ ਦਾ ਉਦਘਾਟਨ ਕੀਤਾ। ਇਸ ਮੌਕੇ ਸ੍ਰੀ ਮੋਦੀ ਨੇ ਯਾਦਗਾਰੀ ਡਾਕ ਟਿਕਟ ਅਤੇ ਸਿੱਕਾ ਵੀ ਜਾਰੀ ਕੀਤਾ। ਇਸ ਮੌਕੇ 'ਤੇ ਬੋਲਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਉਨ੍ਹਾਂ ਕਿਹਾ, ਭਾਰਤ ਸਿਰਫ਼ ਆਪਣੇ ਲਈ ਨਹੀਂ ਸਗੋਂ ਸਾਰਿਆਂ ਲਈ ਸੋਚਦਾ ਏ। ਪ੍ਰਧਾਨ ਮੰਤਰੀ ਨੇ ਕਿਹਾ, ਭਾਰਤ ਵਿਸ਼ਵ ਪੱਧਰ 'ਤੇ ਆਤਮ-ਵਿਸ਼ਵਾਸ ਨਾਲ ਸੱਚ, ਅਹਿੰਸਾ ਦੇ ਮੰਤਰ ਨੂੰ ਪੇਸ਼ ਕਰ ਰਿਹਾ ਏ।

---------------------------------------------------

ਮਾਰਕਫੈੱਡ ਦੇ ਪ੍ਰਬੰਧ ਨਿਦੇਸ਼ਕ ਗਿਰੀਸ਼ ਦਿਆਲਨ ਨੇ ਕੱਲ ਖੰਨਾ ਦੀ ਦਾਣਾ ਮੰਡੀ ਵਿਖੇ ਕਣਕ ਦੇ ਖਰੀਦ ਕਾਰਜਾਂ ਦਾ ਨਿਰੀਖਣ ਕੀਤਾ। ਏਸ਼ੀਆ ਦੀ ਸਭ ਤੋਂ ਵੱਡੀ ਅਨਾਜ ਮੰਡੀ ਵਿੱਚ ਜ਼ਮੀਨੀ ਪੱਧਰ ਦੀ ਸਥਿਤੀ ਦਾ ਜਾਇਜ਼ਾ ਲੈਂਦਿਆਂ ਗਿਰੀਸ਼  ਦਿਆਲਨ ਨੇ ਸਮੂਹ ਖਰੀਦ ਏਜੰਸੀਆਂ ਦੇ ਜ਼ਿਲ੍ਹਾ ਮੈਨੇਜਰਾਂ ਨੂੰ ਇਹ ਵੀ ਯਕੀਨੀ ਬਣਾਉਣ ਲਈ ਕਿਹਾ ਕਿ ਇਸ ਖਰੀਦ ਸੀਜ਼ਨ ਦੌਰਾਨ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਔਕੜ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਅਧਿਕਾਰੀਆਂ ਨੂੰ ਨਿਯਮਿਤ ਤੌਰ 'ਤੇ ਜ਼ਿਲ੍ਹਿਆਂ ਦਾ ਦੌਰਾ ਕਰਨ ਅਤੇ ਜ਼ਮੀਨੀ ਪੱਧਰ ਦੀ ਸਥਿਤੀ ਦਾ ਜਾਇਜ਼ਾ ਲੈਣ ਦੇ ਵੀ ਹੁਕਮ  ਦਿੱਤੇ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਆਮਦ ਅਤੇ ਖਰੀਦ ਦੀ ਰਫ਼ਤਾਰ ਤੇਜ਼ ਹੋਵੇਗੀ ਇਸ ਲਈ ਅਧਿਕਾਰੀਆਂ ਨੂੰ ਤੁਰੰਤ ਚੁਕਾਈ  ਨੂੰ ਯਕੀਨੀ ਬਣਾਉਣ ਲਈ ਤਿਆਰ ਰਹਿਣ ਦੀ ਲੋੜ ਏ ।  ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ  ਦੱਸਿਆ ਕਿ ਹੁਣ ਤੱਕ ਅਨਾਜ ਮੰਡੀਆਂ ਵਿੱਚ 42 ਹਜ਼ਾਰ  372.90 ਮੀਟਰਕ ਟਨ ਕਣਕ ਦੀ ਆਮਦ ਹੋਈ ਏ , ਜਿਸ ਵਿੱਚੋਂ 77 ਫੀਸਦੀ

ਏਜੰਸੀਆਂ ਵੱਲੋਂ ਖਰੀਦੀ ਗਈ ਏ । ਕਿਸਾਨਾਂ ਨੂੰ 44.982 ਕਰੋੜ ਰੁਪਏ ਦੀ ਅਦਾਇਗੀ ਵੀ ਕੀਤੀ ਜਾ ਚੁੱਕੀ ਏ । ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਮੰਡੀਆਂ ਵਿੱਚ ਸੁੱਕੀ ਕਣਕ ਹੀ ਲਿਆਂਦੀ ਜਾਵੇ ਤਾਂ ਜੋ ਉਸਦੀ ਤੁਰੰਤ ਖਰੀਦ ਕੀਤੀ ਜਾ ਸਕੇ।

---------------------------------------------------------------

ਓਧਰ ਬਠਿੰਡਾ ਦੇ ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ ਨੇ ਹੁਕਮ ਦਿਤੇ ਨੇ ਕਿ ਕਣਕ ਦੀ ਖ਼ਰੀਦ ਦੌਰਾਨ ਕਿਸਾਨਾਂ ਨੂੰ ਅਨਾਜ ਮੰਡੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਨਾ ਆਉਣ ਦਿੱਤੀ ਜਾਵੇ। ਉਹ ਜ਼ਿਲ੍ਹੇ ਅੰਦਰ ਕਣਕ ਦੀ ਖ਼ਰੀਦ ਦੇ ਪ੍ਰਬੰਧਾਂ ਸਬੰਧੀ ਅਧਿਕਾਰੀਆਂ ਨਾਲ ਮੀਟਿੰਗ ਕਰ ਰਹੇ ਸਨ । ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿਚ ਸੁੱਕੀ ਕਣਕ ਹੀ ਲੈ ਕੇ ਆਉਣ । ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਮੰਡੀ ਅਫ਼ਸਰ ਨੂੰ ਹਦਾਇਤ ਦਿੰਦਿਆਂ ਕਿਹਾ ਕਿ ਜ਼ਿਲ੍ਹੇ ਦੀਆਂ ਸਾਰੀਆਂ ਅਨਾਜ ਮੰਡੀਆਂ ਅਤੇ ਖ਼ਰੀਦ ਕੇਂਦਰਾਂ 'ਚ ਸਾਫ਼-ਸਫ਼ਾਈ, ਛਾਂ, ਬਿਜਲੀ ਦੀ ਸਪਲਾਈ, ਸਾਫ਼ ਪੀਣ ਵਾਲੇ ਪਾਣੀ ਜਿਹੇ ਲੋੜੀਂਦੇ ਪ੍ਰਬੰਧਾਂ 'ਚ ਕਿਸੇ ਤਰ੍ਹਾਂ ਦੀ ਕੋਈ ਢਿੱਲ ਨਾ ਵਰਤੀ ਜਾਵੇ। ਜ਼ਿਲ੍ਹਾ ਖ਼ੁਰਾਕ ਤੇ

ਸਪਲਾਈ ਕੰਟਰੋਲਰ ਡਾ. ਰੂਪਪ੍ਰੀਤ ਕੌਰ ਨੇ ਦੱਸਿਆ ਕਿ 18 ਅਪ੍ਰੈਲ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਚ 15 ਹਜ਼ਾਰ 663 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਵੱਖ-ਵੱਖ ਏਜੰਸੀਆਂ ਦੁਆਰਾ ਕੀਤੀ ਗਈ ਏ ।

---------------------------------------------------------------

ਭਾਰਤੀ ਸਿੱਖਿਆ ਮੰਡਲ ਨੇ ਆਪਣੇ 55ਵੇਂ ਸਥਾਪਨਾ ਦਿਵਸ ਮੌਕੇ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਵਿਕਸਤ ਭਾਰਤ ਦੀ ਧਾਰਨਾ 'ਤੇ ਰਾਸ਼ਟਰੀ ਸੈਮੀਨਾਰ ਦਾ ਆਯੋਜਨ ਕੀਤਾ। ਇਸ ਸੈਮੀਨਾਰ ਵਿੱਚ ਹਰਿਆਣਾ ਸਾਹਿਤ ਅਕਾਦਮੀ ਦੇ ਪ੍ਰਧਾਨ ਕੁਲਦੀਪ ਚੰਦਰ ਅਗਨੀਹੋਤਰੀ, ਪੰਜਾਬ ਯੂਨੀਵਰਸਿਟੀ ਦੇ ਵਾਈਸ ਚਾਂਸਲਰ, ਪ੍ਰੋਫੈਸਰ ਰੇਣੂ ਵਿੱਗ ਅਤੇ ਐਮਿਟੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫੈਸਰ ਆਰ ਕੇ ਕੋਹਲੀ ਨੇ, ਵਿਕਸਤ ਭਾਰਤ ਦੀਆਂ ਸੰਭਾਵਨਾਵਾਂ ਅਤੇ ਚੁਣੌਤੀਆਂ ’ਤੇ ਚਾਨਣਾ ਪਾਇਆ । ਡਾ: ਅਰਵਿੰਦ ਕੁਮਾਰ ਦਿਵੇਦੀ ਨੇ ਕਿਹਾ ਕਿ ਵਿਕਸਤ ਭਾਰਤ ਨੂੰ ਭਾਰਤੀ ਸੋਚ ਅਤੇ ਚੇਤਨਾ ਤੋਂ ਪ੍ਰੇਰਿਤ ਹੋਣਾ ਚਾਹੀਦਾ ਏ । ਸਿੱਖਿਆ ਮੰਡਲ ਦੇ ਚੰਡੀਗੜ੍ਹ ਮਹਾਨਗਰ ਦੇ ਮੀਤ ਪ੍ਰਧਾਨ ਪ੍ਰੋਫੈਸਰ ਸੰਜੇ ਕੌਸ਼ਿਕ ਨੇ ਭਾਰਤੀ ਸਿੱਖਿਆ ਮੰਡਲ ਦੀ ਭੂਮਿਕਾ

ਅਤੇ 55 ਸਾਲਾਂ ਵਿੱਚ ਇਸ ਵੱਲੋਂ ਕੀਤੇ ਗਏ ਬੇਮਿਸਾਲ ਕਾਰਜਾਂ ਦਾ ਵੇਰਵਾ ਪੇਸ਼ ਕੀਤਾ।